# ਜਬਰ, ਜ਼ੁਲਮ 'ਤੇ ਅਨਿਆਂ ਕਰਨ ਵਾਲਿਆਂ ਨੂੰ ਕਟਹਿਰੇ 'ਚ ਖੜ੍ਹਾ ਕਰਾਂਗੇ : ਪ੍ਰੋ. ਸਾਧੂ ਸਿੰਘ



ਮੋਗਾ/ ਮਨਦੀਪ ਸਿੰਘ ਪੰਜਾਬ ਆਰਟ

ਆਮ ਆਦਮੀ ਪਾਰਟੀ (ਆਪ) ਦੇ ਫਰੀਦਕੋਟ ਤੋਂ ਲੋਕ ਸਭਾ ਮੈਂਬਰ ਪ੍ਰੋ. ਸਾਧੂ ਸਿੰਘ ਨੇ ਦੋਸ਼ ਲਗਾਇਆ ਹੈ ਕਿ ਪੰਜਾਬ ਵਿੱਚ ਅਰਾਜਕਤਾ ਦਾ ਮਾਹੌਲ ਪੈਦਾ ਕਰਨ ਲਈ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਉਨਾਂ ਦਾ ਸਮੁੱਚਾ ਕੁਨਬਾ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ। ਪਿੰਡ ਕੋਕਰੀ ਫੂਲਾ ਸਿੰਘ ਵਿਖੇ ਪਾਰਟੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨਾਲ ਸਿਆਸੀ ਅਧਾਰ 'ਤੇ ਹੋ ਰਹੀ ਬੇਇਨਸਾਫ਼ੀ ਪੰਜਾਬ ਦੇ ਮਾਣ-ਮੱਤੇ ਇਤਿਹਾਸ ਨੂੰ ਕਲੰਕਿਤ ਕਰ ਰਹੀ ਹੈ ਤੇ ਆਮ ਆਦਮੀ ਪਾਰਟੀ ਪੰਜਾਬੀਆਂ ਨੂੰ ਇਸ ਦਲਦਲ ਵਿੱਚੋਂ ਕੱਢ ਕੇ ਹੀ ਸਾਹ ਲਵੇਗੀ।

ਆਪ ਆਗੂ ਨੇ ਦਾਅਵਾ ਕੀਤਾ ਕਿ ਪੰਜਾਬ ਦਾ ਹਰ ਵਰਗ 2017 ਦੀਆਂ ਚੋਣਾਂ ਵਿੱਚ ਅਕਾਲੀ-ਭਾਜਪਾ ਸਰਕਾਰ ਨੂੰ ਚਲਦਾ ਕਰਨ ਲਈ ਕਾਹਲਾ ਹੈ ਤੇ ਪੰਜਾਬ ਵਿੱਚ ਆਪ ਦੀ ਸਰਕਾਰ ਬਣਨ 'ਤੇ ਪੰਜਾਬੀਆਂ 'ਤੇ ਜਬਰ, ਜ਼ੁਲਮ ਤੇ ਅੱਤਿਆਚਾਰ ਕਰਨ ਵਾਲਿਆਂ ਨੂੰ ਹਰ ਹਾਲਤ ਵਿੱਚ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾਵੇਗਾ।

ਪ੍ਰੋ. ਸਾਧੂ ਸਿੰਘ ਨੇ ਦੋਸ਼ ਲਗਾਇਆ ਕਿ ਇਸ ਵੇਲੇ ਪੰਜਾਬ ਵਿੱਚ 'ਗੁੰਡਾਗਰਦੀ' ਸਿਖਰ 'ਤੇ ਹੈ ਅਤੇ ਇਸ ਵਿਸਫੋਟਕ ਸਥਿਤੀ ਕਾਰਨ ਅੱਜ ਇੱਥੇ ਆਮ ਨਾਗਰਿਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਨੇ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਦੇ ਸੁਨਹਿਰੇ ਭਵਿੱਖ ਲਈ ਅੱਜ ਤੋਂ ਹੀ ਕਮਰਕੱਸੇ ਕਰ ਲੈਣ ਤਾਂ ਜੋ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਡੀ ਜਿੱਤ ਦਰਜ ਕਰ ਸਕੇ।

ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਆਪ ਫਰੀਦਕੋਟ ਜ਼ੋਨ ਲੀਗਲ ਸੈਲ ਦੇ ਇੰਚਾਰਜ ਐਡਵੋਕੇਟ ਰਮੇਸ਼ ਗਰੋਵਰ, ਐਸ਼ਪ੍ਰੀਤ ਸਿੰਘ ਚੁਗਾਵਾਂ ਸਰਕਲ ਇੰਚਾਰਜ ਯੂਥ ਵਿੰਗ ਅਜੀਤਵਾਲ, ਜਸਪਾਲ ਸਿੰਘ ਜ਼ੋਨ ਇੰਚਾਰਜ, ਹਰਦਿਆਲ ਸਿੰਘ ਖਾਲਸਾ, ਵਿਜੇ ਕੁਮਾਰ, ਗੁਰਮੇਲ ਸਿੰਘ ਗੋਲਾ, ਐਡਵੋਕੇਟ ਗੁਰਪ੍ਰੀਤ ਸਿੰਘ ਕੰਬੋਜ ਫਤਿਹਗੜ੍ਹ ਪੰਜਤੂਰ, ਕੁਲਵਿੰਦਰ ਸਿੰਘ ਲਿੱਟ, ਗੁਰਦੀਪ ਸਿੰਘ, ਡਾਕਟਰ ਅਵਤਾਰ ਸਿੰਘ ਅਤੇ ਕਰਮਜੀਤ ਸਿੰਘ ਹੋਰਾਂ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਹਥਿਆਰਬੰਦ ਹਮਲਾਵਰਾਂ ਵੱਲੋਂ ਸੰਤ ਰਣਜੀਤ ਸਿੰਘ ਢੱਡਰੀਆਂ ਵਾਲਿਆਂ 'ਤੇ ਕੀਤਾ ਜਾਨਲੇਵਾ ਹਮਲਾ

# ਅੰਨ੍ਹੇਵਾਹ ਚਲਾਈਆਂ ਗੋਲੀਆਂ 'ਚ ਬਾਬਾ ਭੁਪਿੰਦਰ ਸਿੰਘ ਖਾਸੀ ਕਲਾਂ ਦੀ ਮੌਤ





ਲੁਧਿਆਣਾ (ਮੁੱਲਾਂਪੁਰ ਦਾਖਾ) /ਜਸਵੀਰ ਪੁੜੈਣ

ਮੁੱਲਾਂਪੁਰ ਦਾਖਾ ਨੇੜੇ ਪਿੰਡ ਈਸੇਵਾਲ ਸਮਾਗਮ 'ਚ ਸ਼ਾਮਲ ਹੋਣ ਜਾ ਰਹੇ ਸੰਤ ਰਣਜੀਤ ਸਿੰਘ ਢੱਡਰੀਆਂ ਵਾਲੇ 'ਤੇ ਸੁਖਮਨੀ ਇਨਕਲੇਵ ਨੇੜੇ ਰਾਤ ਨੂੰ ਹਥਿਆਰਬੰਦ ਹਮਲਾਵਰਾਂ ਵੱਲੋਂ ਕੀਤੇ ਜਾਨਲੇਵਾ ਹਮਲੇ ਵਿਚ ਸੰਤ ਬਾਬਾ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੇ ਨਜ਼ਦੀਕੀ ਸਾਥੀ ਦੀ ਮੌਤ ਹੋ ਗਈ, ਜਦਕਿ ਸੰਤ ਢੱਡਰੀਆਂ ਵਾਲੇ ਵਾਲ-ਵਾਲ ਬਚ ਗਏ।

ਪ੍ਰਾਪਤ ਖ਼ਬਰ ਅਨੁਸਾਰ ਇਹ ਘਟਨਾ 17 ਮਈ ਰਾਤ 8 ਵਜੇ ਦੇ ਕਰੀਬ ਵਾਪਰੀ। ਸੰਤ ਰਣਜੀਤ ਸਿੰਘ ਢੱਡਰੀਆਂ ਵਾਲੇ ਪਿੰਡ ਈਸੇਵਾਲ ਵਿਖੇ ਹੋਣ ਵਾਲੇ ਧਾਰਮਿਕ ਦੀਵਾਨ ਵਿਚ ਸ਼ਮੂਲੀਅਤ ਕਰਨ ਜਾ ਰਹੇ ਸਨ, ਜਦੋਂ ਉਹ ਸੁਖਮਨੀ ਇਨਕਲੇਵ ਨੇੜੇ ਪਹੁੰਚੇ ਤਾਂ ਉਥੇ ਪਹਿਲਾਂ ਤੋਂ ਮੌਜੂਦ 25 ਦੇ ਕਰੀਬ ਵਿਅਕਤੀਆਂ ਨੇ ਛਬੀਲ ਲਗਾਈ ਸੀ। ਇਨ੍ਹਾਂ 'ਚੋਂ ਨੌਜਵਾਨਾਂ ਵੱਲੋਂ ਛਬੀਲ ਦਾ ਪਾਣੀ ਪਿਲਾਉਣ ਦੇ ਬਹਾਨੇ ਬਾਬਾ ਜੀ ਦੇ ਕਾਰਾ ਦੇ ਕਾਫਲੇ ਨੂੰ ਰੋਕਿਆ ਗਿਆ। ਇਨ੍ਹਾਂ ਨੌਜਵਾਨਾਂ ਵੱਲੋਂ ਸੰਤਾਂ ਬਾਰੇ ਜਦੋਂ ਪੁੱਛਿਆ ਗਿਆ ਤਾਂ ਸੰਤਾਂ ਦੇ ਸਾਥੀਆਂ ਨੇ ਉਨ੍ਹਾਂ ਦੇ ਦੂਜੀ ਕਾਰ ਵਿਚ ਬੈਠੇ ਹੋਣ ਬਾਰੇ ਦੱਸਿਆ ਜੋ ਕਿ ਆਪਣੀ ਲੈਂਡ ਕਰੂਜ਼ਰ ਕਾਰ ਪੀ. ਯੂ. ਟੀ. 0001 ਵਿੱਚ ਬੈਠੇ ਸਨ। ਇਨ੍ਹਾਂ ਨੌਜਵਾਨਾਂ ਵੱਲੋਂ ਆਵਾਜ਼ਾਂ ਮਾਰ ਕੇ ਆਪਣੇ ਸਾਥੀ ਬੁਲਾ ਲਏ ਗਏ ਜੋ ਕਿ ਹਥਿਆਰਾਂ ਨਾਲ ਲੈਸ ਸਨ। ਇਨ੍ਹਾਂ ਨੌਜਵਾਨਾਂ ਵੱਲੋਂ ਪਹਿਲਾਂ ਕਾਰਾਂ 'ਤੇ ਸਪਰੇਅ ਕੀਤਾ ਗਿਆ ਤੇ ਉਸ ਤੋਂ ਬਾਅਦ ਕਾਰਾਂ 'ਤੇ





ਹਮਲੇ 'ਚ ਮਾਰੇ ਗਏ ਬਾਬਾ ਭੁਪਿੰਦਰ ਸਿੰਘ ਖਾਸੀ ਕਲਾਂ ਦੀ ਪੁਰਾਣੀ ਤਸਵੀਰ।

ਹਮਲਾ ਕਰ ਦਿੱਤਾ। ਇਨ੍ਹਾਂ ਹਮਲਾਵਰਾਂ ਨੇ ਸੰਤ ਢੱਡਰੀਆਂ ਵਾਲਿਆਂ ਦੀ ਕਾਰ 'ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਜਿਸ ਕਾਰਨ ਡਰਾਈਵਰ ਦੀ ਨਾਲ ਦੀ ਸੀਟ 'ਤੇ ਬੈਠੇ ਸੰਤਾਂ ਦੇ ਸਾਥੀ ਭੁਪਿੰਦਰ ਸਿੰਘ ਖਾਸੀ ਕਲਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਸੰਤਾਂ ਦੇ ਡਰਾਈਵਰ ਵੱਲੋਂ ਦਲੇਰੀ ਦਾ ਸਬੂਤ ਦਿੰਦਿਆਂ ਕਾਰ ਭਜਾ ਲਈ ਤਾਂ ਹਮਲਾਵਰਾਂ ਨੇ ਸੰਤ ਢੱਡਰੀਆਂ ਵਾਲਿਆਂ ਦੀ ਕਾਰ ਦਾ ਆਪਣੀ ਸਕਾਰਪੀਓ ਕਾਰ 'ਤੇ ਪਿੱਛਾ ਕੀਤਾ ਅਤੇ ਪਿੱਛਾ ਕਰਦੇ ਹੋਏ ਕਾਰ 'ਤੇ ਗੋਲੀਆਂ ਚਲਾਉਂਦੇ ਰਹੇ। ਇਨ੍ਹਾਂ ਹਮਲਾਵਰਾਂ ਨੇ ਸੰਤਾਂ ਦੀ ਕਾਰ ਦਾ ਚਾਰ ਕਿਲੋਮੀਟਰ ਤੱਕ ਪਿੱਛਾ ਕੀਤਾ। ਚਾਰ ਕਿਲੋਮੀਟਰ ਦੂਰ ਦਿੱਲੀ ਪਬਲਿਕ ਸਕੂਲ ਦੇ ਸਾਹਮਣੇ ਜਾ ਕੇ ਸੰਤ ਢੱਡਰੀਆਂ ਵਾਲਿਆਂ ਦੀ ਕਾਰ ਦੇ ਟਾਇਰ ਵੱਖ ਹੋ ਗਏ ਅਤੇ ਸੰਤ ਢੱਡਰੀਆਂ ਵਾਲੇ, ਉਨ੍ਹਾਂ ਦਾ ਡਰਾਈਵਰ ਅਤੇ ਕਾਰ ਵਿਚ ਬੈਠੇ ਦੋ ਹੋਰ ਸਾਥੀ ਕਾਰ ਤੋਂ ਬਾਹਰ ਆ ਗਏ ਤੇ ਖੇਤਾਂ ਵੱਲ ਭੱਜ ਪਏ। ਖੇਤਾਂ ਵਿਚ ਕੁਝ ਮਜ਼ਦੂਰ ਕੰਮ ਕਰ ਰਹੇ ਸਨ 'ਤੇ ਮਜ਼ਦੂਰ ਉਨ੍ਹਾਂ ਨੂੰ ਨੇੜੇ ਇਕ ਘਰ ਵਿਚ ਲੈ ਗਏ।

ਹਮਲਾਵਰ ਟਾਰਚਾਂ ਮਾਰ ਕੇ ਸੰਤਾਂ ਦੀ ਭਾਲ ਕਰਦੇ ਰਹੇ, 10 ਮਿੰਟ ਦੇ ਕਰੀਬ ਸਮਾਂ ਭਾਲ ਕਰਨ ਉਪਰੰਤ ਇਹ ਹਮਲਾਵਰ ਉਥੋਂ ਚਲੇ ਗਏ¢ ਸੰਤ ਢੱਡਰੀਆਂ ਵਾਲਿਆਂ ਵੱਲੋਂ ਇਸ ਦੀ ਸੂਚਨਾ ਪੁਲਿਸ ਨੂੰ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਿਸ ਕਮਿਸ਼ਨਰ ਸ: ਜਤਿੰਦਰ ਸਿੰਘ ਔਲਖ ਭਾਰੀ ਪੁਲਿਸ ਫੋਰਸ ਲੈ ਕੇ ਮੌਕੇ 'ਤੇ ਪਹੁੰਚੇ। ਸ. ਔਲਖ ਸੰਤ ਢੱਡਰੀਆਂ ਵਾਲਿਆਂ ਨੂੰ ਆਪਣੀ ਕਾਰ ਵਿਚ ਬਿਠਾ ਕੇ ਆਪਣੇ ਨਾਲ ਹੀ ਲੈ ਗਏ।

ਘਟਨਾ ਵਾਲੀ ਥਾਂ 'ਤੇ ਮੌਜੂਦ ਆਸ ਪਾਸ ਰਹਿੰਦੇ ਲੋਕਾਂ ਨੇ ਦੱਸਿਆ ਕਿ ਹਮਲਾਵਰਾਂ ਵੱਲੋਂ ਸ਼ਾਮ 5 ਵਜੇ ਦੇ ਕਰੀਬ ਹੀ ਇਥੇ ਟੈਂਟ ਲਗਾਇਆ ਸੀ, ਜਿਥੇ ਕਿ ਇਹ ਛਬੀਲ ਲਗਾਈ ਸੀ। ਹਮਲਾਵਰਾਂ ਕੋਲ 315 ਬੋਰ ਦੀਆਂ ਬੰਦੂਕਾਂ ਸਨ ਜਿਨ੍ਹਾਂ ਨਾਲ ਉਨ੍ਹਾਂ ਨੇ 50 ਦੇ ਕਰੀਬ ਗੋਲੀਆਂ ਚਲਾਈਆ। ਇਸ ਦੌਰਾਨ ਪੁਲਿਸ ਕਮਿਸ਼ਨਰ ਸ. ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ ਪੁਲਿਸ ਵੱਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਪੀ.ਏ.ਯੂ. ਵਿਚ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਸ਼ਹਿਰ ਵਿਚ ਰੈਡ ਅਲਰਟ ਜਾਰੀ ਕਰ ਦਿੱਤਾ ਗਿਆ। ਪੁਲਿਸ ਵੱਲੋਂ ਥਾਂ-ਥਾਂ 'ਤੇ ਨਾਕੇਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਹਮਲਾਵਰਾਂ ਦਾ ਸੁਰਾਗ ਲੱਭਣ ਲਈ ਸੜਕ 'ਤੇ ਲੱਗੇ ਸੀ ਸੀ ਟੀ. ਵੀ. ਕੈਮਰਿਆਂ ਦੀ ਰਿਕਾਰਡਿੰਗ ਕਬਜ਼ੇ ਵਿਚ ਲੈ ਲਈ ਸੀ।

# ਸ਼ਹੀਦ ਭਗਤ ਸਿੰਘ ਦੇ ਭਰਾ ਦੇ ਪੋਤੇ ਦੀ ਹਾਦਸੇ 'ਚ ਮੌਤ



ਸ਼ਿਮਲਾ/ ਬਿਓਰੋ

ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਵਿਚ ਰਾਮਪੁਰ ਦੇ ਨੇੜੇ ਸ਼ਹੀਦ ਭਗਤ ਸਿੰਘ ਦੇ ਛੋਟੇ ਭਰਾ ਦੇ ਪੋਤੇ ਅਭਿਤੇਜ ਸਿੰਘ ਸੰਧੂ ਦੀ ਇਕ ਸੜਕ ਹਾਦਸੇ ਵਿਚ ਮੌਤ ਹੋ ਗਈ। ਜਾਣਕਾਰੀ ਅਨੁਸਾਰ ਅਭਿਤੇਜ ਸਿੰਘ ਸਪਿਤੀ ਵਿਚ ਕਾਜ਼ਾ ਤੋਂ ਸ਼ਿਮਲਾ ਵੱਲ ਮੋਟਰ ਸਾਈਕਲ 'ਤੇ ਜਾ ਰਿਹਾ ਸੀ। ਰਸਤੇ ਵਿਚ ਇਕ ਤਿੱਖੇ ਮੋੜ 'ਤੇ ਅਚਾਨਕ ਉਸ ਦਾ ਮੋਟਰ ਸਾਈਕਲ ਫਿਸਲ ਗਿਆ। ਉਸ ਦੇ ਸਿਰ ਤੇ ਪਸਲੀ 'ਤੇ ਸੱਟ ਲੱਗਣ ਕਾਰਨ ਤੁਰੰਤ ਹਸਪਤਾਲ ਪਹੁੰਚਾਇਆ ਗਿਆ ਜਿਥੇ ਉਸ ਦੀ ਮੌਤ ਹੋ ਗਈ। ਉਸ ਦੇ ਮੋਹਾਲੀ ਵਿਚ ਰਹਿੰਦੇ ਪਿਤਾ ਅਭੈ ਸੰਧੂ ਨੇ ਕਿਹਾ ਕਿ ਅਭਿਤੇਜ ਮਾਪਿਆਂ ਦਾ ਇਕਲੌਤਾ ਪੁੱਤਰ ਸੀ।

ਅਭਿਤੇਜ ਸਿੰਘ ਦੀ ਮੌਤ ਹੋਣ 'ਤੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਲੋਕ ਸੰਪਰਕ ਮੰਤਰੀ ਸ. ਬਿਕਰਮ ਸਿੰਘ ਮਜੀਠੀਆ, ਕਾਂਗਰਸ ਪ੍ਰਧਾਨ ਕੈਪਟਨ ਅਮਰਿੰਦਰ ਸਿੰਘ, ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਮੀਤ ਪ੍ਰਧਾਨ ਸੁਨੀਲ ਜਾਖੜ, ਵਿਰੋਧੀ ਧਿਰ ਦੇ ਨੇਤਾ ਸ. ਚਰਨਜੀਤ ਸਿੰਘ ਚੰਨੀ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

# ਸਾਬਕਾ ਮੁੱਖ ਮੰਤਰੀ ਸਵ. ਬੇਅੰਤ ਸਿੰਘ ਦੇ ਪੋਤਰੇ ਹਰਕੀਰਤ ਸਿੰਘ ਕੋਟਲੀ ਵੱਲੋਂ ਖ਼ੁਦਕਸ਼ੀ



ਚੰਡੀਗੜ੍ਹ/ ਬਿਓਰੋ

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸ. ਬੇਅੰਤ ਸਿੰਘ ਦੇ ਪੋਤੇ ਹਰਕੀਰਤ ਸਿੰਘ ਵੱਲੋਂ ਆਪਣੇ ਆਪ ਨੂੰ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਹਰਕੀਰਤ ਸਿੰਘ ਕੋਟਲੀ ਦਾ ਕੁਝ ਸਮਾਂ ਪਹਿਲਾਂ ਮੁਹਾਲੀ ਵਿਚ ਐਕਸੀਡੈਂਟ ਹੋ ਗਿਆ ਸੀ ਤੇ ਹਾਦਸੇ ਤੋਂ ਬਾਅਦ ਉਹ ਪਰੇਸ਼ਾਨ ਸਨ। ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਸੁਰੱਖਿਆ ਕਰਮੀਆਂ ਦੀ ਸਹਾਇਤਾ ਨਾਲ ਉਨ੍ਹਾਂ ਨੂੰ ਪੀ.ਜੀ.ਆਈ. ਦਾਖਲ ਕਰਵਾਇਆ, ਜਿੱਥੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ। ਘਟਨਾ ਚੰਡੀਗੜ੍ਹ ਵਾਲੇ ਘਰ 'ਚ ਵਾਪਰੀ।

ਹਰਕੀਰਤ ਦੇ ਭਰਾ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਸ. ਰਵਨੀਤ ਸਿੰਘ ਬਿੱਟੂ ਨੇ ਮੀਡੀਆ ਨੂੰ ਦੱਸਿਆ ਕਿ ਪਿਛਲੇ ਲਗਭਗ 15 ਸਾਲਾਂ ਤੋਂ ਉਨ੍ਹਾਂ ਦੇ ਭਰਾ ਦਾ ਡਿਪ੍ਰੈਸ਼ਨ ਦਾ ਇਲਾਜ ਚੱਲ ਰਿਹਾ ਸੀ, ਪ੍ਰੰਤੂ ਉਨ੍ਹਾਂ ਕਦੇ ਆਪਣੇ ਆਪ ਨੂੰ ਖ਼ਤਮ ਕਰਨ ਦੀ ਗੱਲ ਨਹੀਂ ਕੀਤੀ ਸੀ। ਉਨ੍ਹਾਂ ਦੱਸਿਆ ਕਿ ਹਰਕੀਰਤ ਨੇ ਡਿਪ੍ਰੈਸ਼ਨ ਦੇ ਚੱਲਦਿਆਂ ਇਹ ਕਦਮ ਚੁੱਕਿਆ, ਪਿਛਲੇ ਸਾਲ ਉਹ ਇਕ ਦੁਰਘਟਨਾ ਦਾ ਸ਼ਿਕਾਰ ਹੋ ਗਿਆ ਸੀ।

ਪੁਲਿਸ ਥਾਣਾ ਸੈਕਟਰ 3 ਦੇ ਐਸ.ਐਚ.ਓ. ਨੀਰਜ ਸਰਨਾ ਨੇ ਦੱਸਿਆ ਕਿ ਹਰਕੀਰਤ ਸਿੰਘ ਨੇ ਆਪਣੇ ਲਾਇਸੰਸੀ ਰਿਵਾਲਵਰ ਨਾਲ ਆਪਣੇ ਨਿਵਾਸ ਸਥਾਨ 'ਤੇ ਖ਼ੁਦ ਨੂੰ ਗੋਲੀ ਮਾਰੀ। ਉਨ੍ਹਾਂ ਦੱਸਿਆ ਕਿ ਇਲਾਜ ਦੌਰਾਨ ਪੀ.ਜੀ.ਆਈ. ਦੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।

ਹਰਕੀਰਤ ਸਿੰਘ ਹਲਕਾ ਖੰਨਾ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਗੁਰਕੀਰਤ ਸਿੰਘ ਕੋਟਲੀ ਦੇ ਛੋਟੇ ਭਰਾ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਦੇ ਚਚੇਰੇ ਭਰਾ ਸਨ। ਹਰਕੀਰਤ ਸਿੰਘ ਦੀ ਅਚਾਨਕ ਗੋਲੀ ਲੱਗਣ ਨਾਲ ਹੋਈ ਮੌਤ 'ਤੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਲੋਕ ਸੰਪਰਕ ਮੰਤਰੀ ਸ. ਬਿਕਰਮ ਸਿੰਘ ਮਜੀਠੀਆ, ਡਾ. ਸ਼ਕੀਲ ਅਹਿਮਦ, ਕਾਂਗਰਸ ਪ੍ਰਧਾਨ ਕੈਪਟਨ ਅਮਰਿੰਦਰ ਸਿੰਘ, ਸੀਨੀਅਰ ਕਾਂਗਰਸੀ ਆਗੂ ਅੰਬਿਕਾ ਸੋਨੀ, ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਰਾਜ ਸਭਾ ਮੈਂਬਰ ਸ. ਪ੍ਰਤਾਪ ਸਿੰਘ ਬਾਜਵਾ, ਪੰਜਾਬ ਕਾਂਗਰਸ ਦੇ ਮੁੱਖ ਬੁਲਾਰੇ ਤੇ ਮੀਤ ਪ੍ਰਧਾਨ ਸੁਨੀਲ ਜਾਖੜ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਚਰਨਜੀਤ ਸਿੰਘ ਚੰਨੀ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।